ਪੰਜਾਬ ਸਰਕਾਰ
ਉਚੇਰੀ ਸਿੱਖਿਆ ਵਿਭਾਗ
(ਸਿੱਖਿਆ-1 ਸਾਖਾ)

**ਹੁਕਮ**

**ਵਿਸ਼ਾ:-** **ਕੋਵਿਡ-19 ਦੇ ਵਧ ਰਹੇ ਫੈਲਾਅ ਦੇ ਮੱਦੇਨਜ਼ਰ ਪੰਜਾਬ ਰਾਜ ਦੀਆਂ ਸਮੂਹ ਸਰਕਾਰੀ ਅਤੇ ਗੈਰ-ਸਰਕਾਰੀ ਯੂਨੀਵਰਸਿਟੀਆਂ ਅਤੇ ਕਾਲਜਾਂ (ਸਰਕਾਰੀ/ਗੈਰ-ਸਰਕਾਰੀ/ਪ੍ਰਾਈਵੇਟ ਏਡਿਡ) ਨੂੰ ਮਿਤੀ 31.03.2021 ਤੱਕ ਬੰਦ ਰੱਖਣ ਸਬੰਧੀ।**

*******

ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ ਪੱਤਰ ਨੰ: 7/56/2021/2H4/1457 ਮਿਤੀ 20.03.2021(ਕਾਪੀ ਨੱਥੀ) ਰਾਹੀਂ ਜਾਰੀ ਗਾਇਡਲਾਈਨਜ਼ ਦੇ ਸਬੰਧ ਵਿੱਚ।

2. ਰਾਜ ਵਿੱਚ ਕੋਵਿਡ-19 ਦੇ ਵਧ ਰਹੇ ਫੈਲਾਅ ਦੇ ਮੱਦੇਨਜ਼ਰ ਪੰਜਾਬ ਰਾਜ ਦੀਆਂ ਸਾਰੀਆਂ ਸਰਕਾਰੀ ਅਤੇ ਗੈਰ-ਸਰਕਾਰੀ ਯੂਨੀਵਰਸਿਟੀਆਂ ਅਤੇ ਕਾਲਜ (ਸਰਕਾਰੀ/ਗੈਰ-ਸਰਕਾਰੀ/ਪ੍ਰਾਈਵੇਟ ਏਡਿਡ) ਮਿਤੀ 31 ਮਾਰਚ 2021 ਤੱਕ ਬੰਦ ਕੀਤੇ ਜਾਂਦੇ ਹਨ। ਇਹਨਾਂ ਸਰਕਾਰੀ/ਗੈਰ-ਸਰਕਾਰੀ ਯੂਨੀਵਰਸਿਟੀਆਂ ਅਤੇ ਕਾਲਜਾਂ (ਸਰਕਾਰੀ/ਗੈਰ-ਸਰਕਾਰੀ/ਪ੍ਰਾਈਵੇਟ ਏਡਿਡ) ਵਿੱਚ ਕਲਾਸਾਂ/ਪ੍ਰੀਖਿਆਵਾਂ online mode ਰਾਹੀ ਚੱਲਦੀਆਂ ਰਹਿਣਗੀਆਂ। ਇਸ ਤੋ ਇਲਾਵਾ ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਅਮਲਾ ਆਮ ਦਿਨ੍ਹਾਂ ਵਾਂਗ ਆਪਣੀਆਂ ਸੰਸਥਾਵਾਂ ਵਿੱਚ ਹਾਜ਼ਰ ਰਹੇਗਾ।

3. ਸਮੂਹ ਸਰਕਾਰੀ/ਗੈਰ-ਸਰਕਾਰੀ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਜਾਂਦੇ ਹਨ ਕਿ ਉਹ ਆਪਣੇ ਕੈਂਪਸ ਅਤੇ ਆਪਣੇ ਅਧੀਨ ਆਉਂਦੀਆਂ ਸਮੂਹ ਉਚੇਰੀ ਸਿੱਖਿਆ ਸੰਸਥਾਵਾਂ ਵਿੱਚ ਉਕਤ ਹੁਕਮਾਂ ਦੀ ਇੰਨ-ਬਿਨ ਪਾਲਣਾ ਕਰਵਾਉਣੀ ਯਕੀਨੀ ਬਣਾਉਣਗੇ।

**ਮਿਤੀ, ਚੰਡੀਗੜ੍ਹ**
**20/03/2021**

**(ਵੀ.ਕੇ.ਮੀਨਾ)**
**ਸਕੱਤਰ, ਪੰਜਾਬ ਸਰਕਾਰ**
**ਉਚੇਰੀ ਸਿੱਖਿਆ ਵਿਭਾਗ**

**ਪਿੱਠ ਅੰਕਣ ਨੰ:HED/ਸਿ-1/ਸਪੈਸ਼ਲ/883/1-7** **ਮਿਤੀ, ਚੰਡੀਗੜ੍ਹ:20.03.2021**

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਨਿੱਜੀ ਸਕੱਤਰ/ਉਚੇਰੀ ਸਿੱਖਿਆ ਮੰਤਰੀ, ਪੰਜਾਬ
2. ਸਕੱਤਰ/ਮੁੱਖ ਸਕੱਤਰ, ਪੰਜਾਬ।
3. ਨਿੱਜੀ ਸਕੱਤਰ/ਸਕੱਤਰ, ਉਚੇਰੀ ਸਿੱਖਿਆ ਵਿਭਾਗ, ਪੰਜਾਬ।
4. ਨਿੱਜੀ ਸਕੱਤਰ/ਵਿਸ਼ੇਸ਼ ਸਕੱਤਰ, ਉਚੇਰੀ ਸਿੱਖਿਆ ਵਿਭਾਗ, ਪੰਜਾਬ।
5. ਡੀ.ਪੀ.ਆਈ.(ਕਾ), ਪੰਜਾਬ।
6. ਸਮੂਹ ਵਾਈਸ ਚਾਂਸਲਰ, ਸਰਕਾਰੀ ਅਤੇ ਗੈਰ-ਸਰਕਾਰੀ ਯੂਨੀਵਰਸਿਟੀਆਂ, ਪੰਜਾਬ।
7. ਸਮੂਹ ਪ੍ਰਿੰਸੀਪਲ, ਸਰਕਾਰੀ/ਗੈਰ-ਸਰਕਾਰੀ/ਪ੍ਰਾਈਵੇਟ ਕਾਲਜ, ਪੰਜਾਬ।

20/3/21

**(ਪਰਮਜੀਤ ਸਿੰਘ, ਪੀ.ਸੀ.ਐਸ)**
**ਵਿਸ਼ੇਸ਼ ਸਕੱਤਰ ਉਚੇਰੀ ਸਿੱਖਿਆ**